# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 24-09-2025**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਨਵੀਂ ਦਿੱਲੀ ਵਿਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪੰਜਾਬ ਤੇ ਚੰਡੀਗੜ੍ਹ ਦੀ ਮੌਜੂਦਾ ਸਥਿਤੀ ਦੇ ਨਾਲ-ਨਾਲ ਮੁੱਖ ਵਿਕਾਸ ਤਰਜੀਹਾਂ ਬਾਰੇ ਜਾਣੂ ਕਰਵਾਇਆ। ਰਾਜਪਾਲ ਨੇ ਪੰਜਾਬ ਵਿਚ ਆਏ ਤਬਾਹਕਾਰੀ ਹੜ੍ਹਾਂ ਤੋਂ ਬਾਅਦ ਕੀਤੇ ਜਾ ਰਹੇ ਰਾਹਤ ਕਾਰਜਾਂ ਦਾ ਵੇਰਵਾ ਪੇਸ਼ ਕੀਤਾ। ਉਨ੍ਹਾਂ ਨੇ ਪ੍ਰਭਾਵਿਤ ਪਰਿਵਾਰਾਂ ਨੂੰ ਮਦਦ ਮੁਹੱਈਆ ਕਰਵਾਉਣ, ਜਨਤਕ ਬੁਨਿਆਦੀ ਢਾਂਚੇ ਨੂੰ ਬਹਾਲ ਕਰਨ ਤੇ ਹੜ੍ਹ ਮਾਰੇ ਇਲਾਕਿਆਂ ਵਿਚ ਫੈਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਸੂਬੇ ਦੀ ਸਰਕਾਰੀ ਮਸ਼ੀਨਰੀ ਅਤੇ ਸਵੈ-ਇੱਛਤ ਸੰਗਠਨਾਂ ਦੇ ਤਾਲਮੇਲ ਨਾਲ ਕੀਤੇ ਜਾ ਰਹੇ ਯਤਨਾਂ `ਤੇ ਚਾਨਣਾ ਪਾਇਆ । ਰਾਜਪਾਲ ਨੇ ਪਾਕਿਸਤਾਨ ਨਾਲ ਲੱਗਦੀ ਅੰਤਰਰਾਸ਼ਟਰੀ ਸਰਹੱਦ `ਤੇ ਸੁਰੱਖਿਆ ਤੇ ਵਿਕਾਸ ਸਬੰਧੀ ਚਰਚਾ ਦੌਰਾਨ ਕਿਹਾ ਕਿ ਕੇਂਦਰ ਸਰਕਾਰ ਇਨ੍ਹਾਂ ਸੰਵੇਦਨਸ਼ੀਲ ਇਲਾਕਿਆਂ ਵਿਚ ਉਦਯੋਗਾਂ ਨੂੰ ਉਤਸ਼ਾਹਤ ਕਰੇ ਤਾਂ ਜੋ ਰੋਜ਼ਗਾਰ ਦੇ

ਮੌਕੇ ਵੱਧ ਸਕਣ । ਉਨ੍ਹਾਂ ਨੇ ਪ੍ਰਧਾਨ ਮੰਤਰੀ ਨੂੰ ਚੰਡੀਗੜ੍ਹ ਦੀ ਨਵੀਂ ਸਟਾਰਟਅੱਪ ਨੀਤੀ ਬਾਰੇ ਵੀ ਜਾਣਕਾਰੀ ਦਿੱਤੀ। ਮੀਟਿੰਗ ਵਿਚ ਪੰਜਾਬ ਤੇ ਚੰਡੀਗੜ੍ਹ ਦੀ ਤਰੱਕੀ ਲਈ ਵਿਆਪਕ ਰੋਡਮੈਪ ਬਾਰੇ ਵੀ ਚਰਚਾ ਕੀਤੀ ਗਈ।

---

ਪੰਜਾਬ ਸਰਕਾਰ ਨੇ ਛਾਤੀ ਦੇ ਕੈਂਸਰ, ਸਰਵਾਈਕਲ ਕੈਂਸਰ ਤੇ ਨਜ਼ਰ ਸਬੰਧੀ ਡਾਕਟਰੀ ਜਾਂਚ ਲਈ ਆਪਣੀ ਕਿਸਮ ਦੇ ਪਹਿਲੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨਾਲ ਲੈਸ ਸਕ੍ਰੀਨਿੰਗ ਡਿਵਾਈਸ ਲਾਂਚ ਕੀਤੇ ਨੇ। ICMR ਦੇ ਨੈਸ਼ਨਲ ਕੈਂਸਰ ਰਜਿਸਟਰੀ ਪ੍ਰੋਗਰਾਮ ਮੁਤਾਬਕ 2024 ਵਿਚ ਪੰਜਾਬ ਵਿਚ ਕੈਂਸਰ ਦੇ 42,288 ਨਵੇਂ ਮਾਮਲੇ ਸਾਹਮਣੇ ਆਏ ਸਨ, ਜੋ ਕਿ 2023 ਦੇ ਪਿਛਲੇ ਸਾਲ ਨਾਲੋਂ 7 ਫੀਸਦ ਵੱਧ ਨੇ। ਜਦੋਂਕਿ ਰਾਸ਼ਟਰੀ ਪਰਿਵਾਰ ਸਿਹਤ ਸਰਵੇਖਣ ਦੇ ਅੰਕੜਿਆਂ ਮੁਤਾਬਕ 30 ਤੋਂ 49 ਸਾਲ ਉਮਰ ਵਰਗ ਦੀਆਂ ਸਿਰਫ 0.3 ਫੀਸਦ ਔਰਤਾਂ ਦੀ ਛਾਤੀ ਦੇ ਕੈਂਸਰ ਲਈ ਜਾਂਚ ਕੀਤੀ ਗਈ ਅਤੇ ਪੰਜਾਬ ਵਿਚ ਸਰਵਾਈਕਲ ਕੈਂਸਰ ਸਬੰਧੀ ਇਹ ਅੰਕੜਾ 2.4 ਫੀਸਦ ਏ। ਇਸੇ ਦੌਰਾਨ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਇਨ੍ਹਾਂ ਰੁਝਾਨਾਂ ਨੂੰ ਉਲਟਾਉਣ ਲਈ

ਏ.ਆਈ. ਅਧਾਰਤ ਯੰਤਰ ਲਾਂਚ ਕੀਤੇ ਗਏ ਨੇ, ਜਿਨ੍ਹਾਂ ਦੀ ਵਰਤੋਂ ਪ੍ਰਾਇਮਰੀ ਸਿਹਤ ਸੈਟਿੰਗਾਂ ਵਿਚ ਕੀਤੀ ਜਾਵੇਗੀ, ਇਸ ਦਾ ਉਦੇਸ਼ ਬਿਮਾਰੀ ਦਾ ਸ਼ੁਰੂਆਤ ਵਿਚ ਪਤਾ ਲਗਾਉਣ ਲਈ ਹਰ ਰੋਜ਼ ਘੱਟੋ-ਘੱਟ 600 ਅੱਖਾਂ ਦੀ ਜਾਂਚ ਤੇ 300 ਛਾਤੀ ਅਤੇ ਸਰਵਾਈਕਲ ਕੈਂਸਰ ਸਕ੍ਰੀਨਿੰਗ ਕਰਨਾ ਏ।

---------------------------------------------------------------

ਜੀਐੱਸਟੀ ਸੁਧਾਰਾਂ ਤੋਂ ਬਾਅਦ, ਬਹੁਤ ਸਾਰੀਆਂ ਚੀਜ਼ਾਂ ਦੀਆਂ ਕੀਮਤਾਂ ਘਟੀਆਂ ਨੇ। ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਦੀਆਂ ਕੀਮਤਾਂ ਵਿਚ ਵੀ ਗਿਰਾਵਟ ਆਈ ਏ। ਇਸ ਸਬੰਧ ਵਿਚ ਭਾਰਤੀ ਜਨਤਾ ਪਾਰਟੀ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਕੇਂਦਰੀ ਰਾਜ ਮੰਤਰੀ ਵਿਜੇ ਸਾਂਪਲਾ ਨੇ ਕੱਲ੍ਹ ਲੁਧਿਆਣਾ ਵਿਚ ਇਕ ਪ੍ਰੈੱਸ ਕਾਨਫਰੰਸ ਕੀਤੀ। ਇਸ ਦੌਰਾਨ ਸਾਂਪਲਾ ਨੇ ਕਿਹਾ ਕਿ ਦੀਵਾਲੀ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜੀਐੱਸਟੀ ਦਰਾਂ ਘਟਾ ਕੇ ਦੇਸ਼ ਵਾਸੀਆਂ ਨੂੰ ਵੱਡਾ ਤੋਹਫ਼ਾ ਦਿੱਤਾ ਏ। ਸਾਨੂੰ ਸਾਰਿਆਂ ਨੂੰ ਇਸ ਨੂੰ 'ਬਚਤ ਤਿਉਹਾਰ' ਵਜੋਂ ਮਨਾਉਣਾ ਚਾਹੀਦਾ ਏ। ਸਾਂਪਲਾ ਨੇ ਕਿਹਾ ਕਿ ਜੀਐੱਸਟੀ ਵਿਚ ਇਹ ਸੁਧਾਰ ਕਿਸਾਨਾਂ, ਨੌਜਵਾਨਾਂ, ਔਰਤਾਂ ਤੇ ਸਾਰੇ ਵਰਗਾਂ ਦੇ ਲੋਕਾਂ ਲਈ ਲਾਭਕਾਰੀ ਨੇ। ਕੁੱਲ ਮਿਲਾ ਕੇ, ਇਹ ਇਕ 'ਚੰਗਾ ਤੇ ਸਰਲ ਟੈਕਸ' ਏ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ 'ਸਵਦੇਸ਼ੀ ਕ੍ਰਾਂਤੀ' ਦੇ ਸੱਦੇ ਅਤੇ 'ਸਵੈ-

ਨਿਰਭਰਤਾ' ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨੇ ਜੀਐੱਸਟੀ ਨੂੰ ਨਵਾਂ ਆਯਾਮ ਦਿੱਤਾ ਏ। ਸਾਬਕਾ ਮੰਤਰੀ ਸਾਂਪਲਾ ਨੇ ਕਿਹਾ ਕਿ ਦਵਾਈਆਂ 'ਤੇ ਜੀਐੱਸਟੀ 12 ਫੀਸਦ ਤੋਂ ਘਟਾ ਕੇ 5 ਫੀਸਦ ਹੋਣ ਕਰ ਕੇ ਬਿਮਾਰੀਆਂ ਨਾਲ ਲੜ ਰਹੇ ਲੋਕਾਂ ਨੂੰ ਰਾਹਤ ਮਿਲੀ ਏ।

---------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕੱਲ੍ਹ ਜਲੰਧਰ ਵਿਚ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਫ਼ਸਰਾਂ ਨਾਲ ਅਹਿਮ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਹਦਾਇਤ ਕੀਤੀ ਏ ਕਿ ਜ਼ਿਲ੍ਹੇ ਵਿਚ ਕੋਈ ਯੋਗ ਵਿਅਕਤੀ ਰਾਸ਼ਨ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਜਾ ਕੇ ਪਾਰਦਰਸ਼ੀ ਢੰਗ ਨਾਲ ਰਾਸ਼ਨ ਕਾਰਡਾਂ ਦੀ **ਈ-ਕੇ.ਵਾਈ.ਸੀ**.ਵਿਚ ਤੇਜ਼ੀ ਲਿਆਂਦੀ ਜਾਵੇ। ਕੈਬਨਿਟ ਮੰਤਰੀ ਨੇ ਫੂਡ ਇੰਸਪੈਕਟਰਾਂ ਨੂੰ ਹਦਾਇਤ ਕੀਤੀ ਕਿ ਡਿਪੂ ਹੋਲਡਰਾਂ ਨਾਲ ਤਾਲਮੇਲ ਕਰ ਕੇ ਇਸ ਕਾਰਜ ਨੂੰ ਵੇਲੇ ਸਿਰ ਨੇਪਰੇ ਚਾੜ੍ਹਿਆ ਜਾਵੇ।--

---------------------------------------------------

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਾਂ ਬਾਰੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਏ ਕਿ ਸੂਬੇ ਵਿਚ ਹੜ੍ਹਾਂ ਦੀ ਸਥਿਤੀ

ਸਥਿਰ ਹੋਣ ਦੇ ਨਾਲ ਸਾਰੇ ਰਾਹਤ ਕੈਂਪ ਹੁਣ ਬੰਦ ਕਰ ਦਿੱਤੇ ਗਏ ਨੇ। ਮਾਲ ਮੰਤਰੀ ਨੇ ਦੱਸਿਆ ਕਿ ਪੰਜਾਬ ਵਿਚ ਆਏ ਹੜ੍ਹਾਂ ਦੌਰਾਨ ਕੁੱਲ 219 ਰਾਹਤ ਕੈਂਪ ਖੋਲ੍ਹੇ ਗਏ ਸਨ, ਜਿਨ੍ਹਾਂ ਵਿਚ ਸਮੇਂ-ਸਮੇਂ 'ਤੇ 8,270 ਪ੍ਰਭਾਵਿਤ ਲੋਕਾਂ ਨੇ ਟਿਕਾਣਾ ਕੀਤਾ ਸੀ। ਸੂਬੇ ਦੇ 2,555 ਪਿੰਡ ਹੜ੍ਹਾਂ ਦੀ ਮਾਰ ਹੇਠ ਆਏ ਸਨ। ਹੁਣ ਹਾਲਾਤ ਆਮ ਵਾਂਗ ਹੋਣ ਸਦਕਾ ਇਕ ਵੀ ਕੈਂਪ ਸਰਗਰਮ ਨਹੀਂ ਏ।